ਸਾਰੰਗ ਮਹਲਾ ੪ ॥ ਗੋਬਿੰਦ ਚਰਨਨ ਕਉ ਬਲਿਹਾਰੀ ॥ ਭਵਜਲੁ ਜਗਤੁ ਨ ਜਾਈ ਤਰਣਾ ਜਪਿ ਹਰਿ ਹਰਿ ਪਾਰਿ ਉਤਾਰੀ ॥੧॥ ਰਹਾਉ ॥ ਹਿਰਦੈ ਪ੍ਰਤੀਤਿ ਬਨੀ ਪ੍ਰਭ ਕੇਰੀ ਸੇਵਾ ਸੁਰਤਿ ਬੀਚਾਰੀ ॥ ਅਨਦਿਨੁ ਰਾਮ ਨਾਮੁ ਜਪਿ ਹਿਰਦੈ ਸਰਬ ਕਲਾ ਗੁਣਕਾਰੀ ॥ ੧॥ ਪ੍ਰਭੁ ਅਗਮ ਅਗੋਚਰੁ ਰਵਿਆ ਸ੍ਰਬ ਠਾਈ ਮਨਿ ਤਨਿ ਅਲਖ ਅਪਾਰੀ ॥ ਗੁਰ ਕਿਰਪਾਲ ਭਏ ਤਬ ਪਾਇਆ ਹਿਰਦੈ ਅਲਖੁ ਲਖਾਰੀ ॥੨॥ ਅੰਤਰਿ ਹਰਿ ਨਾਮੁ ਸਰਬ ਧਰਣੀਧਰ ਸਾਕਤ ਕਉ ਦੂਰਿ ਭਇਆ ਅਹੰਕਾਰੀ ॥ ਤ੍ਰਿਸਨਾ ਜਲਤ ਨ ਕਬਹੂ ਬੂਝਹਿ ਜੂਐ ਬਾਜੀ ਹਾਰੀ ॥ ੩॥ ਊਠਤ ਬੈਠਤ ਹਰਿ ਗੁਨ ਗਾਵਹਿ ਗੁਰਿ ਕਿੰਚਤ ਕਿਰਪਾ ਧਾਰੀ ॥ ਨਾਨਕ ਜਿਨ ਕਉ ਨਦਰਿ ਭਈ ਹੈ ਤਿਨ ਕੀ ਪੈਜ ਸਵਾਰੀ ॥੪॥੨॥ {ਪੰਨਾ 1198}

ਪਦਅਰਥ:- ਕਉ—ਤੋਂ, ਨੂੰ। ਬਲਿਹਾਰੀ—ਕੁਰਬਾਨ, ਸਦਕੇ। ਭਵਜਲੁ—ਸੰਸਾਰ-ਸਮੁੰਦਰ। ਨ ਜਾਈ ਤਰਣਾ—ਪਾਰ ਨਹੀਂ ਲੰਘਿਆ ਜਾ ਸਕਦਾ। ਜਪਿ—ਜਪਿਆ ਕਰ। ਪਾਰਿ ਉਤਾਰੀ—ਪਾਰ ਲੰਘਾ ਲੈਂਦਾ ਹੈ।1। ਰਹਾਉ।

ਹਿਰਦੈ—ਹਿਰਦੇ ਵਿਚ। ਪ੍ਰਤੀਤਿ—ਸਰਧਾ। ਕੇਰੀ—ਦੀ। ਸੇਵਾ—ਭਗਤੀ। ਬੀਚਾਰੀ—ਪਰਮਾਤਮਾ ਦੇ ਗੁਣਾਂ ਦੀ ਵਿਚਾਰ ਵਾਲਾ। ਅਨਦਿਨੁ—ਹਰ ਰੋਜ਼। ਸਰਬ ਕਲਾ—ਸਾਰੀਆਂ ਤਾਕਤਾਂ ਦਾ ਮਾਲਕ। ਗੁਣਕਾਰੀ—ਗੁਣ ਪੈਦਾ ਕਰਨ ਵਾਲਾ।1।

ਅਗਮ—ਅਪਹੁੰਚ। ਅਗੋਚਰੁ—{ਅ-ਗੋ-ਚਰੁ} ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ। ਰਵਿਆ—ਮੌਜੂਦ। ਸ੍ਰਬ ਠਾਈ—ਸਭਨੀਂ ਥਾਈਂ। ਮਨਿ—(ਹਰੇਕ ਦੇ) ਮਨ ਵਿਚ। ਤਨਿ—(ਹਰੇਕ ਦੇ) ਸਰੀਰ ਵਿਚ। ਅਲਖ—ਅਦ੍ਰਿਸ਼ਟ। ਅਪਾਰੀ—{ਅ-ਪਾਰ} ਜਿਸ ਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ, ਬੇਅੰਤ। ਕਿਰਪਾਲ—ਦਇਆਵਾਨ।2।

ਸਰਬ ਅੰਤਰਿ—ਹਰੇਕ ਦੇ ਅੰਦਰ। ਧਰਣੀ ਧਰ—ਧਰਤੀ ਦਾ ਆਸਰਾ ਪ੍ਰਭੂ। ਸਾਕਤ—ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ। ਜਲਤ—ਸੜ ਰਹੇ। ਨ ਬੂਝਹਿ—ਨਹੀਂ ਸਮਝਦੇ। ਜੂਐ—ਜੂਏ ਵਿਚ।3।

ਗਾਵਹਿ—ਗਾਂਦੇ ਹਨ। ਗੁਰਿ—ਗੁਰੂ ਨੇ। ਕਿੰਚਤ—ਥੋੜ੍ਹੀ ਜਿਤਨੀ ਭੀ। ਨਾਨਕ—ਹੇ ਨਾਨਕ! ਨਦਰਿ—ਮਿਹਰ ਦੀ ਨਿਗਾਹ। ਪੈਜ—ਇੱਜ਼ਤ, ਲਾਜ।4।

ਅਰਥ:- ਹੇ ਭਾਈ! ਪਰਮਾਤਮਾ ਦੇ ਚਰਨਾਂ ਤੋਂ ਸਦਕੇ ਜਾਣਾ ਚਾਹੀਦਾ ਹੈ। ਹੇ ਭਾਈ! (ਪਰਮਾਤਮਾ ਦਾ ਨਾਮ ਜਪਣ ਤੋਂ ਬਿਨਾ) ਜਗਤ (ਦੇ ਵਿਕਾਰਾਂ) ਤੋਂ ਸੰਸਾਰ-ਸਮੁੰਦਰ ਤੋਂ ਪਾਰ ਨਹੀਂ ਲੰਘਿਆ ਜਾ ਸਕਦਾ। ਹੇ ਭਾਈ! (ਪਰਮਾਤਮਾ ਦਾ ਨਾਮ) ਜਪਿਆ ਕਰ, ਪਰਮਾਤਮਾ (ਵਿਕਾਰਾਂ-ਭਰੇ ਜਗਤ ਤੋਂ) ਪਾਰ ਲੰਘਾ ਦੇਂਦਾ ਹੈ।1। ਰਹਾਉ।

ਹੇ ਭਾਈ! ਸਾਰੀਆਂ ਤਾਕਤਾਂ ਦੇ ਮਾਲਕ ਸਾਰੇ ਗੁਣਾਂ ਦੇ ਮਾਲਕ ਪਰਮਾਤਮਾ ਦਾ ਨਾਮ ਹਰ ਵੇਲੇ ਹਿਰਦੇ ਵਿਚ ਜਪ ਕੇ (ਮਨੁੱਖ ਦੇ) ਹਿਰਦੇ ਵਿਚ ਪਰਮਾਤਮਾ ਵਾਸਤੇ ਸਰਧਾ ਬਣ ਜਾਂਦੀ ਹੈ, ਮਨੁੱਖ ਦੀ ਸੁਰਤਿ ਸੇਵਾ-ਭਗਤੀ ਵਿਚ ਜੁੜੀ ਰਹਿੰਦੀ ਹੈ, ਪਰਮਾਤਮਾ ਦੇ ਗੁਣ ਮਨ ਵਿਚ ਆ ਵੱਸਦੇ ਹਨ।1।

ਹੇ ਭਾਈ! (ਜਿਹੜਾ) ਪਰਮਾਤਮਾ (ਜੀਵਾਂ ਦੀ) ਪਹੁੰਚ ਤੋਂ ਪਰੇ ਹੈ (ਜੀਵਾਂ ਦੇ) ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, (ਜਿਹੜਾ) ਸਭਨੀਂ ਥਾਈਂ ਮੌਜੂਦ ਹੈ, ਸਭਨਾਂ ਦੇ ਮਨ ਵਿਚ ਤਨ ਵਿਚ ਵੱਸਦਾ ਹੈ, ਅਦ੍ਰਿਸ਼ਟ ਹੈ ਤੇ ਬੇਅੰਤ ਹੈ ਉਹ ਪਰਮਾਤਮਾ ਤਦੋਂ ਮਿਲ ਪੈਂਦਾ ਹੈ ਜਦੋਂ (ਮਨੁੱਖ ਉਤੇ) ਸਤਿਗੁਰੂ ਜੀ ਦਇਆਵਾਨ ਹੁੰਦੇ ਹਨ, ਤਦੋਂ ਮਨੁੱਖ ਉਸ ਅਦ੍ਰਿਸ਼ਟ ਪ੍ਰਭੂ ਨੂੰ ਆਪਣੇ ਹਿਰਦੇ ਵਿਚ (ਹੀ) ਵੇਖ ਲੈਂਦਾ ਹੈ।2।

ਹੇ ਭਾਈ! ਧਰਤੀ ਦੇ ਆਸਰੇ ਪਰਮਾਤਮਾ ਦਾ ਨਾਮ ਸਭ ਜੀਵਾਂ ਦੇ ਅੰਦਰ ਮੌਜੂਦ ਹੈ, ਪਰ ਪਰਮਾਤਮਾ ਨਾਲੋਂ ਟੁੱਟੇ

ਹੋਏ ਅਹੰਕਾਰੀ ਮਨੁੱਖਾਂ ਨੂੰ ਉਹ ਕਿਤੇ ਦੂਰ ਵੱਸਦਾ ਜਾਪਦਾ ਹੈ। ਮਾਇਆ ਦੀ ਤ੍ਰਿਸ਼ਨਾ ਦੀ ਅੱਗ ਵਿਚ ਸੜ ਰਹੇ ਉਹ ਮਨੁੱਖ ਕਦੇ (ਇਸ ਭੇਤ ਨੂੰ) ਨਹੀਂ ਸਮਝਦੇ, ਉਹਨਾਂ ਨੇ ਮਨੁੱਖਾ-ਜੀਵਨ ਦੀ ਬਾਜ਼ੀ ਹਾਰ ਦਿੱਤੀ ਹੁੰਦੀ ਹੈ (ਜਿਵੇਂ ਜੁਆਰੀਏ ਨੇ) ਜੂਏ ਵਿਚ (ਆਪਣੀ ਮਾਇਆ)।3।

ਹੇ ਨਾਨਕ! ਜਿਨ੍ਹਾਂ ਮਨੁੱਖਾਂ ਉੱਤੇ ਗੁਰੂ ਨੇ ਥੋੜ੍ਹੀ ਜਿਤਨੀ ਭੀ ਮਿਹਰ ਕਰ ਦਿੱਤੀ, ਉਹ ਉਠਦੇ ਬੈਠਦੇ ਹਰ ਵੇਲੇ ਪਰਮਾਤਮਾ ਦੇ ਗੁਣ ਗਾਂਦੇ ਰਹਿੰਦੇ ਹਨ। ਹੇ ਭਾਈ! ਜਿਨ੍ਹਾਂ ਉਤੇ ਗੁਰੂ ਪਰਮਾਤਮਾ ਦੀ ਮਿਹਰ ਦੀ ਨਿਗਾਹ ਹੋਈ, ਪਰਮਾਤਮਾ ਨੇ ਉਹਨਾਂ ਦੀ (ਲੋਕ ਪਰਲੋਕ ਵਿਚ) ਲਾਜ ਰੱਖ ਲਈ।4।2।